**ਤਿਲੰਗ ਮਹਲਾ ੫ ਘਰੁ ੩ ॥ ਮਿਹਰਵਾਨੁ ਸਾਹਿਬੁ ਮਿਹਰਵਾਨੁ ॥ ਸਾਹਿਬੁ ਮੇਰਾ ਮਿਹਰਵਾਨੁ ॥ ਜੀਅ ਸਗਲ ਕਉ ਦੇਇ ਦਾਨੁ ॥ ਰਹਾਉ ॥ ਤੂ ਕਾਹੇ ਡੋਲਹਿ ਪ੍ਰਾਣੀਆ ਤੁਧੁ ਰਾਖੈਗਾ ਸਿਰਜਣਹਾਰੁ ॥ ਜਿਨਿ ਪੈਦਾਇਸਿ ਤੂ ਕੀਆ ਸੋਈ ਦੇਇ ਆਧਾਰੁ ॥੧॥ ਜਿਨਿ ਉਪਾਈ ਮੇਦਨੀ ਸੋਈ ਕਰਦਾ ਸਾਰ ॥ ਘਟਿ ਘਟਿ ਮਾਲਕੁ ਦਿਲਾ ਕਾ ਸਚਾ ਪਰਵਦਗਾਰੁ ॥੨॥ ਕੁਦਰਤਿ ਕੀਮ ਨ ਜਾਣੀਐ ਵਡਾ ਵੇਪਰਵਾਹੁ ॥ ਕਰਿ ਬੰਦੇ ਤੂ ਬੰਦਗੀ ਜਿਚਰੁ ਘਟ ਮਹਿ ਸਾਹੁ ॥੩ ॥ ਤੂ ਸਮਰਥੁ ਅਕਥੁ ਅਗੋਚਰੁ ਜੀਉ ਪਿੰਡੁ ਤੇਰੀ ਰਾਸਿ ॥ ਰਹਮ ਤੇਰੀ ਸੁਖੁ ਪਾਇਆ ਸਦਾ ਨਾਨਕ ਕੀ ਅਰਦਾਸਿ ॥੪॥੩॥** {ਪੰਨਾ 724}

ਪਦਅਰਥ:- ਮਿਹਰਵਾਨੁ—ਦਇਆਲ। ਸਾਹਿਬੁ—ਮਾਲਕ। ਜੀਅ—{ਲਫ਼ਜ਼ 'ਜੀਵ' ਤੋਂ ਬਹੁ-ਵਚਨ}। ਦੇਇ—ਦੇਂਦਾ ਹੈ। ਰਹਾਉ।

ਡੋਲਹਿ—ਤੂੰ ਘਬਰਾਂਦਾ ਹੈਂ। ਪ੍ਰਾਣੀਆ—ਹੇ ਪ੍ਰਾਣੀ! ਤੁਧੁ—ਤੈਨੂੰ। ਸਿਰਜਣਹਾਰੁ—ਪੈਦਾ ਕਰਨ ਵਾਲਾ ਪ੍ਰਭੂ। ਜਿਨਿ—ਜਿਸ (ਪਰਮਾਤਮਾ) ਨੇ। ਤੂ—ਤੈਨੂੰ। ਆਧਾਰੁ—ਆਸਰਾ।1।

ਮੇਦਨੀ—ਧਰਤੀ। ਸਾਰ—ਸੰਭਾਲ। ਘਟਿ ਘਟਿ—ਹਰੇਕ ਸਰੀਰ ਵਿਚ। ਪਰਵਦਗਾਰੁ—ਪਾਲਣ ਵਾਲਾ।2।

ਕੀਮ—ਕੀਮਤਿ, ਮੁੱਲ। ਵੇਪਰਵਾਹੁ—ਬੇ ਮੁਥਾਜ। ਘਟ ਮਹਿ—ਸਰੀਰ ਵਿਚ। ਸਾਹੁ—ਸੁਆਸ।3।

ਸਮਰਥੁ—ਸਭ ਤਾਕਤਾਂ ਦਾ ਮਾਲਕ। ਅਗੋਚਰੁ—{ਅ-ਗੋ-ਚਰੁ। ਗੋ—ਗਿਆਨ ਇੰਦ੍ਰੇ} ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਜੀਉ—ਜਿੰਦ। ਪਿੰਡੁ—ਸਰੀਰ। ਰਾਸਿ—ਪੂੰਜੀ, ਸਰਮਾਇਆ। ਰਹਮ—ਰਹਿਮਤ, ਕਿਰਪਾ।4।

ਅਰਥ:- ਹੇ ਭਾਈ! ਮੇਰਾ ਮਾਲਕ-ਪ੍ਰਭੂ ਸਦਾ ਦਇਆ ਕਰਨ ਵਾਲਾ ਹੈ, ਸਦਾ ਦਇਆ ਕਰਨ ਵਾਲਾ ਹੈ, ਸਦਾ ਦਇਆ ਕਰਨ ਵਾਲਾ ਹੈ। ਉਹ ਸਾਰੇ ਜੀਵਾਂ ਨੂੰ (ਸਭ ਪਦਾਰਥਾਂ ਦਾ) ਦਾਨ ਦੇਂਦਾ ਹੈ। ਰਹਾਉ।

ਹੇ ਭਾਈ! ਤੂੰ ਕਿਉਂ ਘਬਰਾਂਦਾ ਹੈਂ? ਪੈਦਾ ਕਰਨ ਵਾਲਾ ਪ੍ਰਭੂ ਤੇਰੀ (ਜ਼ਰੂਰ) ਰੱਖਿਆ ਕਰੇਗਾ। ਜਿਸ (ਪ੍ਰਭੂ) ਨੇ ਤੈਨੂੰ ਪੈਦਾ ਕੀਤਾ ਹੈ, ਉਹੀ (ਸਾਰੀ ਸ੍ਰਿਸ਼ਟੀ ਨੂੰ) ਆਸਰਾ (ਭੀ) ਦੇਂਦਾ ਹੈ।1।

ਹੇ ਭਾਈ! ਜਿਸ ਪਰਮਾਤਮਾ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ (ਇਸ ਦੀ) ਸੰਭਾਲ ਕਰਦਾ ਹੈ। ਹਰੇਕ ਸਰੀਰ ਵਿਚ ਵੱਸਣ ਵਾਲਾ ਪ੍ਰਭੂ (ਸਾਰੇ ਜੀਵਾਂ ਦੇ) ਦਿਲਾਂ ਦਾ ਮਾਲਕ ਹੈ, ਉਹ ਸਦਾ ਕਾਇਮ

ਰਹਿਣ ਵਾਲਾ ਹੈ, ਅਤੇ, ਸਭ ਦੀ ਪਾਲਣਾ ਕਰਨ ਵਾਲਾ ਹੈ।2।

ਹੇ ਭਾਈ! ਉਸ ਮਾਲਕ ਦੀ ਕੁਦਰਤਿ ਦਾ ਮੁੱਲ ਨਹੀਂ ਸਮਝਿਆ ਜਾ ਸਕਦਾ, ਉਹ ਸਭ ਤੋਂ ਵੱਡਾ ਹੈ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ। ਹੇ ਬੰਦੇ! ਜਿਤਨਾ ਚਿਰ ਤੇਰੇ ਸਰੀਰ ਵਿਚ ਸੁਆਸ ਚੱਲਦਾ ਹੈ ਉਤਨਾ ਚਿਰ ਉਸ ਮਾਲਕ ਦੀ ਬੰਦਗੀ ਕਰਦਾ ਰਹੁ।3।

ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੇਰੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। (ਅਸਾਂ ਜੀਵਾਂ ਦਾ ਇਹ) ਸਰੀਰ ਤੇ ਜਿੰਦ ਤੇਰੀ ਹੀ ਦਿੱਤੀ ਹੋਈ ਪੂੰਜੀ ਹੈ। ਜਿਸ ਮਨੁੱਖ ਉਤੇ ਤੇਰੀ ਮਿਹਰ ਹੋਵੇ ਉਸ ਨੂੰ (ਤੇਰੇ ਦਰ ਤੋਂ ਬੰਦਗੀ ਦਾ) ਸੁਖ ਮਿਲਦਾ ਹੈ। ਨਾਨਕ ਦੀ ਭੀ ਸਦਾ ਤੇਰੇ ਦਰ ਤੇ ਇਹੀ ਅਰਦਾਸ ਹੈ (ਕਿ ਤੇਰੀ ਬੰਦਗੀ ਦਾ ਸੁਖ ਮਿਲੇ)।4।3।